ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਸ਼ਾਖਾ, ਫਰੀਦਕੋਟ Email: eepdfdtpwdpb@gmail.com

ਵੱਲ

ਪ੍ਰਿੰਸੀਪਲ,
ਸੀ ਐਲ ਐਸ ਡੀ ਏ ਵੀ ਸੈਂਟਨਰੀ ਪਬਲਿਕ ਸਕੂਲ,
ਜੈਤੋ।
ਨੰ: DB/3999 ਮਿਤੀ:29-07-2024

ਵਿਸ਼ਾ: ਸਾਲ 2024-25 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ: ( ਸੀ ਐਲ ਐਸ ਡੀ ਏ ਵੀ ਸੈਂਟਨਰੀ ਪਬਲਿਕ ਸਕੂਲ ,ਜੈਤੋ )

ਉਪਰੋਕਤ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2024-25 ਲੈਣ ਲਈ ਆਪ ਵੱਲੋਂ ਇਸ ਦਫ਼ਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ ਦੇ ਦਫ਼ਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2024-25 ਦਾ ਸਕੂਲ ਬਿਲਡਿੰਗ ਸੇਫਟੀ ਮਿਤੀ 31-03-2025 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਿਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫ਼ਤਰ ਨੂੰ ਤਰੰਤ ਜਾਂਚ ਦਾ ਪ੍ਰਬੰਧ ਕੀਤੀ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸਦਾ ਸੇਫਟੀ ਸਰਟੀਫਿਕੇਟ ਇਸ ਦਫ਼ਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਿਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. ਨਿਰਮਾਣ ਆਰਕੀਟੈਕਟਸ (ਐਮ.ਜੇ. ਆਰਕੀਟੈਕਟਸ) ਵੱਲੋਂ ਮਿਤੀ 19.08.2023 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2024-25 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
7. ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ,ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਿਲ ਹਨ।
8. ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰਬਰ 12291381 ਮਿਤੀ 01.07.2024 ਰਾਹੀ ਦਸ ਹਜ਼ਾਰ ਰੁਪਏ (10,000/-) ਬਿਲਡਿੰਗ ਨਿਰੀਖਣ ਫੀਸ ਵੱਜੋਂ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 16.08.2024 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾਂ ਅੰਦਰ ਫਾਇਰ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿੰਮੇਵਾਰ ਹੋਵੇਗਾ।
9. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੀ ਜਗ੍ਹਾ ਦੀ ਮਲਕੀਅਤ ਨਾਲ ਕੋਈ ਸਬੰਧ ਨਹੀਂ ਹੈ।
10. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੇ ਪਲਾਟ ਏਰੀਏ ਦਾ ਕੋਈ ਸਬੰਧ ਨਹੀਂ ਹੈ।
11. ਇਸ ਮਨਜ਼ੂਰੀ ਦਾ ਸ਼ਡਿਊਲਡ ਰੋਡ ਐਕਟ ਨਾਲ ਕੋਈ ਸਬੰਧ ਨਹੀਂ ਹੈ।
12. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।
13. ਇਹ ਸਕੂਲ ਜੈਤੋ ਸ਼ਹਿਰ ਵਿੱਚ ਹੈ ਜੋ ਕਿ ਨਗਰ ਕੌਂਸਲ ਜੈਤੋ ਦੇ ਅਧਿਕਾਰ ਖੇਤਰ ਅਧੀਨ ਆਉਂਦਾ ਹੈ।

ਫੀਸ/ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ, ਭ ਤੇ ਮ ਸ਼ਾਖਾ, ਜੈਤੋ ਨੂੰ ਉਨ੍ਹਾਂ ਦੇ ਪੱਤਰ ਨੰਬਰ 172 ਮਿਤੀ 08.07.2024 ਦੇ ਹਵਾਲੇ ਵਿੱਚ ਸੂਚਨਾ ਹਿਤ ਭੇਜਿਆ ਜਾਂਦਾ ਹੈ।

ਸਹੀ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।

Scanned with OKEN Scanner